# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 04-02-2025**

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਲੋਕ ਸਭਾ ਵਿਚ ਸੰਸਦ ਦੇ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਵਿੱਚ ਰਾਸ਼ਟਰਪਤੀ ਦੇ ਭਾਸ਼ਣ 'ਤੇ ਧੰਨਵਾਦ ਮਤੇ 'ਤੇ ਚਰਚਾ ਦਾ ਜਵਾਬ ਦੇਣਗੇ। ਲੋਕ ਸਭਾ ਵਿਚ ਕੱਲ੍ਹ ਧੰਨਵਾਦ ਪ੍ਰਸਤਾਵ 'ਤੇ ਚਰਚਾ ਸ਼ੁਰੂ ਹੋਈ ਸੀ। ਪਰਧਾਨ ਮੰਤਰੀ ਮੋਦੀ ਵੱਲੋਂ ਸਦਨ ਵਿੱਚ ਸ਼ਾਮ 5 ਵਜੇ ਜਵਾਬ ਦੇਣਗੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਰਿਜਿਜੂ ਨੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ 'ਤੇ ਵੀ ਨਿਸ਼ਾਨਾ ਸਾਧਿਆ ਤੇ ਕਿਹਾ ਕਿ ਉਹ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ ਤੇ ਓਬੀਸੀ ਬਾਰੇ ਗੱਲ ਕਰਦੇ ਰਹਿੰਦੇ ਨੇ, ਪਰ ਓਬੀਸੀ ਭਾਈਚਾਰੇ ਦੇ ਸਭ ਤੋਂ ਵੱਡੇ ਚਿਹਰੇ ਨੂੰ

ਪਛਾਣਨ ਵਿੱਚ ਅਸਫਲ ਰਹਿੰਦੇ ਨੇ , ਜੋ ਕਿ ਖੁਦ ਪ੍ਰਧਾਨ ਮੰਤਰੀ ਮੋਦੀ ਨੇ।

--------------------------------------------------------------

ਸਰਕਾਰ ਨੇ ਅੱਜ ਕਿਹਾ ਏ  ਕਿ ਨਰੇਂਦਰ  ਮੋਦੀ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਲਈ ਵਚਨਬੱਧ ਏ । ਲੋਕ ਸਭਾ ਵਿਚ ਪ੍ਰਸ਼ਨ ਕਾਲ ਦੌਰਾਨ  ਜਵਾਬ ਦਿੰਦੇ ਹੋਏ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ 2019 ਤੋਂ, ਸਰਕਾਰ ਨੇ ਉਤਪਾਦਨ 'ਤੇ ਹੋਣ ਵਾਲੀ ਲਾਗਤ ਤੋਂ 50 ਪ੍ਰਤੀਸ਼ਤ ਵੱਧ ਮੁਨਾਫ਼ੇ ਨਾਲ ਘੱਟੋ-ਘੱਟ ਸਮਰਥਨ ਮੁੱਲ ਦਰਾਂ ਨਿਰਧਾਰਤ ਕੀਤੀਆਂ ਨੇ । ਮੰਤਰੀ ਨੇ ਕਿਹਾ ਕਿ ਇਹ ਤਸੱਲੀ ਦੀ ਗੱਲ ਹੈ ਕਿ ਭਾਰਤ ਦੁਨੀਆ ਵਿੱਚ ਨਾਰੀਅਲ ਉਤਪਾਦਨ ਵਿੱਚ ਨੰਬਰ ਇਕ ਦੇਸ਼ ਬਣ ਗਿਆ ਏ ।

--------------------------------------------------------------

ਪੰਜਾਬ ਪੁਲਿਸ ਪਠਾਨਕੋਟ ਤੋਂ ਫਾਜ਼ਿਲਕਾ ਤੱਕ ਫੈਲੇ ਸਰਹੱਦੀ ਖੇਤਰਾਂ ਵਿਚ 703 ਰਣਨੀਤਕ ਸਥਾਨਾਂ ’ਤੇ 2300 ਸੀਸੀਟੀਵੀ ਕੈਮਰੇ ਲਗਾਉਣ ਜਾਂ ਰਹੀ ਏ । ਇਸ ਬਾਰੇ ਪੰਜਾਬ ਪੁਲੀਸ ਮੁਖੀ  ਗੌਰਵ

ਯਾਦਵ ਨੇ ਕਿਹਾ ਕਿ 45 ਕਰੋੜ ਰੁਪਏ ਦੀ ਲਾਗਤ ਨਾਲ 2300 ਸੀਸੀਟੀਵੀ ਕੈਮਰੇ ਲਗਾ ਕੇ ਰੱਖਿਆ ਦੀ ਦੂਜੀ ਕਤਾਰ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਏ। ਡੀਜੀਪੀ ਨੇ ਪਠਾਨਕੋਟ ਜ਼ਿਲ੍ਹੇ ਵਿੱਚ ਨਵੇਂ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਦੇ ਉਦਘਾਟਨ ਸਮੇਤ ਜ਼ਿਲ੍ਹੇ ਵਿਚ ਪੁਲਿਸ ਬੁਨਿਆਦੀ ਢਾਂਚੇ ਨਾਲ ਸਬੰਧਤ ਕਈ ਪ੍ਰਾਜੈਕਟਾਂ ਦਾ ਉਦਘਾਟਨ ਕਰਨ ਉਪਰੰਤ ਕਿਹਾ ਕਿ ਇਹ ਅਤਿ-ਆਧੁਨਿਕ ਸਹੂਲਤ ਗੁੰਝਲਦਾਰ ਸਾਈਬਰ ਅਪਰਾਧਾਂ ਨਾਲ ਨਜਿੱਠਣ ਤੇ ਆਨਲਾਈਨ ਧੋਖਾਧੜੀ ਦੇ ਪੀੜਤਾਂ ਨੂੰ ਤਰੁੰਤ ਤੇ ਪ੍ਰਭਾਵਸ਼ਾਲੀ ਹੱਲ ਪ੍ਰਦਾਨ ਕਰਨ ਲਈ ਉੱਨਤ ਤਕਨਾਲੋਜੀ ਨਾਲ ਲੈਸ ਏ।

---------------------------------------------------

ਪਾਕਿਸਤਾਨ ਵਿੱਚ ਪਿਛਲੇ ਇਕ ਦਹਾਕੇ ਦੌਰਾਨ 400 ਮਿਰਤਕ ਹਿੰਦੂਆਂ ਤੇ ਸਿੱਖਾਂ ਦੀਆਂ ਅਸਥੀਆਂ ਨੂੰ ਕੱਲ੍ਹ ਸ਼ਾਮ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ ਰਾਹੀਂ ਭਾਰਤ ਲਿਆਂਦਾ ਗਿਆ ਏ, ਜਿੱਥੋਂ ਇਹਨਾਂ ਨੂੰ ਹਰਿਦੁਆਰ ਵਿਖੇ ਪਵਿੱਤਰ ਗੰਗਾ ਨਦੀ ਵਿਚ ਜਲ ਪ੍ਰਵਾਹ ਕੀਤਾ ਜਾਵੇਗਾ। ਇਹ ਅਸਥੀਆਂ 2011 ਤੋਂ

ਪਾਕਿਸਤਾਨ ਵਿੱਚ ਸਬੰਧਤ ਪਰਿਵਾਰਾਂ ਕੋਲ ਪਈਆਂ ਸਨ। ਪੰਜਾਬ ਪੁਲਿਸ ਪ੍ਰੋਟੋਕਾਲ ਅਫਸਰ ਅਰੁਣ ਮਾਹਲ ਨੇ ਸਾਡੇ ਅੰਮ੍ਰਿਤਸਰ ਪੱਤਰਕਾਰ ਨੂੰ ਦੱਸਿਆ ਕਿ ਉਨ੍ਹਾਂ ਵਿੱਚੋਂ 350 ਅਸਥੀਆਂ ਹਿੰਦੂਆਂ ਦੀਆਂ ਹਨ ਤੇ 50 ਪਾਕਿਸਤਾਨ ਵਿਚ ਰਹਿ ਰਹੇ ਸਿੱਖਾਂ ਦੀਆਂ ਨੇ। ਇਨ੍ਹਾਂ ਵਿੱਚ ਔਰਤਾਂ, ਬੱਚੇ ਤੇ ਬਜ਼ੁਰਗਾਂ ਦੀਆਂ ਅਸਥੀਆਂ ਸ਼ਾਮਲ ਨੇ। ਅਸਥੀਆਂ ਨੂੰ ਕਰਾਚੀ ਦੇ ਪੰਚਮੁਖੀ ਹਨੂੰਮਾਨ ਮੰਦਰ ਦੇ ਪੁਜਾਰੀ ਰਾਮਨਾਥ ਮਹਾਰਾਜ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੱਡੇ ਥੈਲਿਆਂ ਵਿਚ ਲੈ ਕੇ ਆਏ ਸਨ ਤਾਂ ਜੋ ਉਨ੍ਹਾਂ ਨੂੰ ਰਸਮਾਂ ਅਨੁਸਾਰ ਗੰਗਾ ਵਿੱਚ ਜਲ ਪ੍ਰਵਾਹ ਕੀਤਾ ਜਾ ਸਕੇ।

---------------------------------------------------------

ਅੰਮ੍ਰਿਤਸਰ ਦੇ ਫਤਿਹਗੜ੍ਹ ਚੂੜੀਆਂ ਰੋਡ 'ਤੇ ਬੰਦ ਪਈ ਪੁਲਸ ਚੌਕੀ ਨੇੜੇ ਰਹੱਸਮਈ ਧਮਾਕੇ ਦੇ ਮਾਮਲੇ ਦਾ ਜਾਇਜ਼ਾ ਲੈਣ ਲਈ ਅੰਮ੍ਰਿਤਸਰ ਦੇ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਘਟਨਾ ਸਥਾਨ ਦਾ ਦੌਰਾ ਕੀਤਾ ਏ। ਉਹਨਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਆਵਾਜ਼ ਕਿਸੇ ਗਰਨੇਡ ਧਮਾਕੇ ਕਾਰਨ ਨਹੀਂ ਹੋਈ। ਉਹਨਾਂ ਕਿਹਾ ਕਿ ਇਸ ਦਾ ਪ੍ਰਭਾਵ ਬਹੁਤ ਘੱਟ ਸੀ ਤੇ ਮੱਢਲੇ ਤੌਰ ‘ਤੇ ਧਮਾਕੇ

ਦਾ ਕੋਈ ਸੰਕੇਤ ਨਹੀਂ ਲਗਦਾ। ਉਹਨਾਂ ਕਿਹਾ ਕਿ ਆਵਾਜ਼ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਸਾਰੇ ਪਹਿਲੂਆਂ ਤੋਂ ਜਾਂਚ ਕੀਤੀ ਜਾਂ ਰਹੀ ਏ

--------------------------------------------------

ਇਨਰ ਵੀਲ੍ਹ ਡਿਸਟ੍ਰਿਕਟ ਕਲੱਬ ਵਲੋਂ ਗੁਰਦਾਸਪੁਰ ਸ਼ਹਿਰ ਵਿਚ ਇਕ ਵਿਸ਼ੇਸ਼ 'ਉਦੇਸ਼ ਕਾਰ ਰੈਲੀ' ਦਾ ਆਯੋਜਿਨ ਕੀਤਾ ਗਿਆ। ਰੈਲੀ ਦਾ ਮੰਤਵ ਸਰਵਾਈਕਲ ਕੈਂਸਰ ਦੀ ਬਿਮਾਰੀ ਪ੍ਰਤੀ ਜਾਗਰੂਕਤਾ, ਅਮਨ-ਸ਼ਾਂਤੀ ਨੂੰ ਉਤਸ਼ਾਹਿਤ ਕਰਨਾ ਤੇ ਔਰਤਾਂ ਖ਼ਿਲਾਫ਼ ਹਿੰਸਾ ਨੂੰ ਰੋਕਣ ਦਾ ਸੁਨੇਹਾ ਦੇਣਾ ਸੀ। ਰੈਲੀ ਵਿੱਚ ਚੰਡੀਗੜ੍ਹ ਤੋਂ 300 ਦੇ ਕਰੀਬ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਕਾਰ ਰੈਲੀ ਦਾਣਾ ਮੰਡੀ ਗੁਰਦਾਸਪੁਰ ਤੋਂ ਸ਼ੁਰੂ ਹੋਈ, ਜਿਸ ਨੂੰ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਤੇ ਵਧੀਕ ਡਿਪਟੀ ਕਮਿਸ਼ਨਰ ਹਰਜਿੰਦਰ ਸਿੰਘ ਬੇਦੀ ਨੇ ਝੰਡੀ ਦਿਖਾ ਕੇ ਰਵਾਨਾ ਕੀਤਾ।

--------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੇ 2 ਤਸਕਰਾਂ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਜਲੰਧਰ ਦਿਹਾਤੀ ਦੇ

ਐਸ.ਐਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਨੰਗਲ ਮਨੋਹਰ ਖੇਤਰ ਨੇੜੇ ਦੋ ਵੱਖ-ਵੱਖ ਕਾਰਵਾਈਆਂ ਅਧੀਨ ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਕੋਲੋਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਇਸ ਸਬੰਧ ਵਿਚ ਪੁਲਿਸ ਸਟੇਸ਼ਨ ਮਕਸੂਦਾ ਵਿਖੇ ਤਿੰਨ ਐਫਆਈਆਰ ਦਰਜ ਕੀਤੀਆਂ ਗਈਆਂ ਨੇ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਇਨਾਂ ਦਾ ਵੱਡੇ ਨੈੱਟਵਰਕਾਂ ਨਾਲ ਸੰਭਾਵਿਤ ਸਬੰਧਾਂ ਦਾ ਸੰਕੇਤ ਮਿਲਦਾ ਏ । ਇਹ ਕਾਰਵਾਈ ਜਸਰੂਪ ਕੌਰ ਬਾਠ ਐਸ.ਪੀ. (ਜਾਂਚ) ਦੀ ਨਿਗਰਾਨੀ ਹੇਠ ਕੀਤੀ ਗਈ ।